ਸਾਰਗ ਮਹਲਾ ੫ ॥ ਤੂ ਮੇਰੇ ਮੀਤ ਸਖਾ ਹਰਿ ਪ੍ਰਾਨ ॥ ਮਨੁ ਧਨੁ ਜੀਉ ਪਿੰਡੁ ਸਭੁ ਤੁਮਰਾ ਇਹੁ ਤਨੁ ਸੀਤੋ ਤੁਮਰੈ ਧਾਨ ॥੧॥ ਰਹਾਉ ॥ ਤੁਮ ਹੀ ਦੀਏ ਅਨਿਕ ਪ੍ਰਕਾਰਾ ਤੁਮ ਹੀ ਦੀਏ ਮਾਨ ॥ ਸਦਾ ਸਦਾ ਤੁਮ ਹੀ ਪਤਿ ਰਾਖਹੁ ਅੰਤਰਜਾਮੀ ਜਾਨ ॥੧॥ ਜਿਨ ਸੰਤਨ ਜਾਨਿਆ ਤੂ ਠਾਕੁਰ ਤੇ ਆਏ ਪਰਵਾਨ ॥ ਜਨ ਕਾ ਸੰਗੁ ਪਾਈਐ ਵਡਭਾਗੀ ਨਾਨਕ ਸੰਤਨ ਕੈ ਕੁਰਬਾਨ ॥੨॥੪੧॥੬੪॥ {ਪੰਨਾ 1216}

ਪਦਅਰਥ:- ਮੀਤ—ਮਿੱਤਰ। ਸਖਾ—ਸਹਾਈ। ਜੀਉ—ਜਿੰਦ। ਪਿੰਡੁ—ਸਰੀਰ। ਸੀਤੋ—ਬਣਿਆ ਹੈ, ਪਲਿਆ ਹੈ। ਤੁਮਰੈ ਧਾਨ—ਤੇਰੀ ਬਖ਼ਸ਼ੀ ਖ਼ੁਰਾਕ ਨਾਲ।1। ਰਹਾਉ।

ਦੀਏ—ਦਿੱਤੇ। ਅਨਿਕ ਪ੍ਰਕਾਰਾ—ਕਈ ਕਿਸਮਾਂ ਦੇ ਪਦਾਰਥ। ਮਾਨ—ਆਦਰ। ਪਤਿ—ਇੱਜ਼ਤ। ਜਾਨ—ਜਾਣੀਜਾਣ।1।

ਤੂ—ਤੈਨੂੰ। ਠਾਕੁਰ—ਹੇ ਮਾਲਕ! ਤੇ—ਉਹ {ਬਹੁ-ਵਚਨ}। ਆਏ—(ਜਗਤ ਵਿਚ) ਆਏ ਹੋਏ। ਸੰਗੁ—ਸਾਥ। ਵਡਭਾਗੀ—ਵੱਡੇ ਭਾਗਾਂ ਨਾਲ। ਕੈ—ਤੋਂ। ਕੁਰਬਾਨ—ਸਦਕੇ।2।

ਅਰਥ:- ਹੇ ਹਰੀ! ਤੂੰ ਹੀ ਮੇਰਾ ਮਿੱਤਰ ਹੈਂ, ਤੂੰ ਹੀ ਮੇਰੇ ਪ੍ਰਾਣਾਂ ਦਾ ਸਹਾਈ ਹੈਂ। ਮੇਰਾ ਇਹ ਮਨ ਧਨ ਇਹ ਜਿੰਦ ਇਹ ਸਰੀਰ—ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ। ਮੇਰਾ ਇਹ ਸਰੀਰ ਤੇਰੀ ਹੀ ਬਖ਼ਸ਼ੀ ਖ਼ੁਰਾਕ ਨਾਲ ਪਲਿਆ ਹੈ।1। ਰਹਾਉ।

ਹੇ ਪ੍ਰਭੂ! ਹੇ ਦਿਲ ਦੀ ਜਾਣਨ ਵਾਲੇ! ਹੇ ਜਾਣੀਜਾਣ! ਮੈਨੂੰ ਤੂੰ ਹੀ ਅਨੇਕਾਂ ਕਿਸਮਾਂ ਦੇ ਪਦਾਰਥ ਦੇਂਦਾ ਹੈਂ, ਤੂੰ ਹੀ ਸਦਾ ਸਦਾ ਮੇਰੀ ਇੱਜ਼ਤ ਰੱਖਦਾ ਹੈਂ।1।

ਹੇ (ਮੇਰੇ) ਮਾਲਕ! ਜਿਨ੍ਹਾਂ ਸੰਤ ਜਨਾਂ ਨੇ ਤੈਨੂੰ ਜਾਣ ਲਿਆ (ਤੇਰੇ ਨਾਲ ਡੂੰਘੀ ਸਾਂਝ ਪਾ ਲਈ), ਉਹਨਾਂ ਦਾ ਹੀ ਜਗਤ ਵਿਚ ਆਉਣਾ ਸਫਲ ਹੈ। ਹੇ ਨਾਨਕ! (ਆਖ—) ਸੰਤ ਜਨਾਂ ਦੀ ਸੰਗਤਿ ਵੱਡੇ ਭਾਗਾਂ ਨਾਲ ਮਿਲਦੀ ਹੈ। ਮੈਂ ਤਾਂ ਸੰਤ ਜਨਾਂ ਤੋਂ ਸਦਕੇ ਜਾਂਦਾ ਹਾਂ।2। 41। 64।